# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 07-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਆਪਣੇ ਕਿਸਾਨਾਂ ਦੇ ਹਿੱਤਾਂ ਨਾਲ ਕਦੇ ਵੀ ਸਮਝੌਤਾ ਨਹੀਂ ਕਰੇਗਾ। ਨਵੀਂ ਦਿੱਲੀ ਵਿੱਚ ਐਮ.ਐਸ. ਸਵਾਮੀਨਾਥਨ ਸ਼ਤਾਬਦੀ ਅੰਤਰ-ਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੇਤੀ 'ਤੇ ਖਰਚ ਘਟਾਉਣ ਲਈ ਲਗਾਤਾਰ ਉਪਰਾਲੇ  ਕਰ ਰਹੀ ਏ । ਉਨ੍ਹਾਂ ਕਿਹਾ ਕਿ ਸਰਕਾਰ ਦਾ ਮੰਨਣਾ ਏ  ਕਿ ਦੇਸ਼ ਦੀ ਤਰੱਕੀ ਦਾ ਆਧਾਰ ਕਿਸਾਨਾਂ ਦੀ ਸ਼ਕਤੀ ਏ ।

**BYTE**

ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਭਾਰਤ ਦੁੱਧ, ਦਾਲਾਂ ਅਤੇ ਜੂਟ ਦੇ ਉਤਪਾਦਨ ਵਿੱਚ ਦੁਨੀਆ ਵਿੱਚ ਪਹਿਲੇ ਨੰਬਰ 'ਤੇ ਏ । ਉਨ੍ਹਾਂ ਕਿਹਾ ਕਿ

ਪਿਛਲੇ ਸਾਲ ਦੇਸ਼ ਨੇ ਸਭ ਤੋਂ ਵੱਧ ਅਨਾਜ ਪੈਦਾ ਕੀਤਾ। ਸ਼੍ਰੀ ਮੋਦੀ ਨੇ ਕਿਹਾ ਕਿ ਡਾ. ਸਵਾਮੀਨਾਥਨ ਨੇ ਭਾਰਤ ਨੂੰ ਭੋਜਨ ਉਤਪਾਦਨ ਵਿੱਚ ਆਤਮ -ਨਿਰਭਰ ਬਣਾਉਣ ਲਈ ਅੰਦੋਲਨ ਦੀ ਅਗਵਾਈ ਕੀਤੀ । ਉਨ੍ਹਾਂ ਕਿਹਾ ਕਿ ਡਾ. ਸਵਾਮੀਨਾਥਨ ਦੀ ਖੇਤੀਬਾੜੀ ਵਿਗਿਆਨ ਵਿੱਚ ਉਨ੍ਹਾਂ ਦੇ ਮੋਹਰੀ ਕੰਮ ਲਈ ਵਿਆਪਕ ਤੌਰ 'ਤੇ ਪ੍ਰਸ਼ੰਸਾ ਕੀਤੀ ਜਾਂਦੀ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਵੀ, ਡਾ. ਸਵਾਮੀਨਾਥਨ ਦੇ ਵਿਚਾਰ ਅਤੇ ਦ੍ਰਿਸ਼ਟੀ ਦੇਸ਼ ਦੇ ਖੇਤੀਬਾੜੀ ਖੇਤਰ ਵਿੱਚ ਝਲਕਦੇ ਨੇ । ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ, ਹੱਥਖੜ੍ਹੀ ਖੇਤਰ ਨੂੰ ਦੇਸ਼ ਭਰ ਵਿੱਚ ਇੱਕ ਨਵੀਂ ਪਛਾਣ ਅਤੇ ਤਾਕਤ ਮਿਲੀ ਏ ।

--------------------------------------------------------

ਕੇਂਦਰੀ ਰੇਲ ਮੰਤਰੀ, ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਭਾਰਤ ਸਰਕਾਰ, ਪੰਜਾਬ ਵਿੱਚ ਰੇਲਵੇ ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ ਤਿਆਰ ਏ ਪਰ ਉਨ੍ਹਾਂ ਪ੍ਰੋਜੈਕਟਾਂ ਨੂੰ ਪੂਰਾ ਕਰਨ ਵਿੱਚ ਸਫਲਤਾ ਪੰਜਾਬ ਸਰਕਾਰ ਦੇ ਸਮਰਥਨ 'ਤੇ ਨਿਰਭਰ ਕਰਦੀ ਏ । ਅੰਤਰਰਾਸ਼ਟਰੀ ਸਰਹੱਦ ਨੇੜੇ ਪੂਰੀ ਤਰ੍ਹਾਂ ਪੰਜਾਬ ਵਿੱਚ ਸਥਿਤ ਇੱਕ ਮਹੱਤਵਪੂਰਨ ਪ੍ਰੋਜੈਕਟ 26

ਕਿਲੋਮੀਟਰ ਲੰਬੀ ਫਿਰੋਜ਼ਪੁਰ-ਪੱਟੀ ਨਵੀਂ ਲਾਈਨ ਦਾ ਹਵਾਲਾ ਦਿੰਦੇ ਹੋਏ, ਸ੍ਰੀ ਵੈਸ਼ਨਵ ਨੇ ਕਿਹਾ ਕਿ ਇਸ ਪ੍ਰੋਜੈਕਟ ਲਈ ਜ਼ਮੀਨ ਸੂਬਾ ਸਰਕਾਰ ਵਲੋਂ ਮੁਫਤ ਸੌਂਪੀ ਜਾਣੀ ਏ , ਜੋ ਕਿ ਅਜੇ ਤੱਕ ਨਹੀਂ ਕੀਤੀ ਗਈ ਏ। ਇਹ ਜ਼ਮੀਨ ਫਿਰੋਜ਼ਪੁਰ ਅਤੇ ਤਰਨਤਾਰਨ ਜ਼ਿਲ੍ਹਿਆਂ ਵਿੱਚ ਪੈਂਦੀ ਏ। ਕੱਲ੍ਹ ਲੋਕ ਸਭਾ ਵਿੱਚ ਇੱਕ ਲਿਖਤੀ ਜਵਾਬ ਵਿੱਚ, ਉਨ੍ਹਾਂ ਕਿਹਾ ਕਿ ਜ਼ਮੀਨ ਦੀ ਘੱਟ ਜਾਂ ਕੋਈ ਪ੍ਰਾਪਤੀ ਨਾ ਹੋਣ ਕਾਰਨ ਪੰਜਾਬ ਵਿੱਚ ਦੇਰੀ ਨਾਲ ਹੋਏ ਕੁਝ ਵੱਡੇ ਪ੍ਰੋਜੈਕਟਾਂ ਵਿੱਚ ਨੰਗਲ ਡੈਮ-ਤਲਵਾੜਾ ਨਵੀਂ ਲਾਈਨ ਅਤੇ ਅਲਾਲ-ਹਿੰਮਤਾਨਾ ਕੋਰਡ ਲਾਈਨ ਸ਼ਾਮਲ ਨੇ । ਹਾਲਾਂਕਿ, ਪ੍ਰੋਜੈਕਟਾਂ ਲਈ ਬਜਟ ਅਲਾਟਮੈਂਟ ਅਤੇ ਪ੍ਰਵਾਨਗੀਆਂ ਪਹਿਲਾਂ ਹੀ ਕੀਤੀਆਂ ਜਾ ਚੁੱਕੀਆਂ ਨੇ। ਮੰਤਰੀ ਨੇ ਕਿਹਾ ਕਿ ਇਸ ਸਾਲ 1 ਅਪ੍ਰੈਲ ਤੱਕ 9 ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਏ ਜਿਨ੍ਹਾਂ ਵਿੱਚ 4 ਨਵੀਂ ਲਾਈਨ ਅਤੇ ਕੁੱਲ ਲੰਬਾਈ 714 ਕਿਲੋਮੀਟਰ ਦੇ 5 ਡਬਲਿੰਗ ਸ਼ਾਮਲ ਹਨ, ਜਿਨ੍ਹਾਂ ਵਿੱਚੋਂ ਮਾਰਚ ਤੱਕ ਸਿਰਫ 115 ਕਿਲੋਮੀਟਰ ਲੰਬਾਈ ਹੀ ਚਾਲੂ ਕੀਤੀ ਗਈ ਏ। ਇਸ ਦੇ ਨਾਲ ਹੀ, ਉਨ੍ਹਾਂ ਕਿਹਾ ਕਿ ਪਟੜੀਆਂ ਦੇ ਦੋਹਰੇਕਰਨ ਵਿਚ ਅੰਬਾਲਾ-ਚੰਡੀਗੜ੍ਹ , ਜਾਖਲ-ਮਾਨਸਾ

, ਮਾਨਸਾ-ਬਠਿੰਡਾ , ਰਾਜਪੁਰਾ-ਬਠਿੰਡਾ ਅਤੇ ਜਲੰਧਰ -ਜੰਮੂ ਤਵੀ ਵਰਗੇ ਪ੍ਰੋਜੈਕਟ ਹਾਲ ਹੀ ਦੇ ਸਾਲਾਂ ਵਿੱਚ ਪੂਰੇ ਕੀਤੇ ਗਏ ਨੇ।

---------------------------------------------------

ਸੀਮਾ ਸੁਰੱਖਿਆ ਬਲ ਦੇ ਡਾਇਰੈਕਟਰ ਜਨਰਲ, ਦਲਜੀਤ ਸਿੰਘ ਚੌਧਰੀ, "ਆਪਰੇਸ਼ਨ ਸਿੰਦੂਰ" ਤੋਂ ਬਾਅਦ ਸੰਚਾਲਨ ਤਿਆਰੀ ਦਾ ਮੁਲਾਂਕਣ ਕਰਨ ਲਈ ਪੰਜਾਬ ਵਿੱਚ ਨੇ। ਉਨ੍ਹਾਂ ਨੂੰ ਪੰਜਾਬ ਬੀ.ਐਸ.ਐਫ ਫਰੰਟੀਅਰ ਮੁਖੀ ਡਾ. ਅਤੁਲ ਫੁਲਝੇਲੇ ਨੇ ਜਾਣਕਾਰੀ ਦਿੱਤੀ।

ਸ਼੍ਰੀ ਚੌਧਰੀ ਨੇ ਜਵਾਨਾਂ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਦੀਆਂ ਸਰਹੱਦਾਂ ਦੀ ਰਾਖੀ ਲਈ ਉਨ੍ਹਾਂ ਦੀ ਅਣਥੱਕ ਭਾਵਨਾ ਅਤੇ ਪੇਸ਼ੇਵਰ ਮੁਹਾਰਤ ਦੀ ਸ਼ਲਾਘਾ ਕੀਤੀ। ਜਲੰਧਰ ਦੇ ਫਰੰਟੀਅਰ ਹੈੱਡ ਕੁਆਰਟਰ ਵਿਖੇ "ਪ੍ਰਹਾਰੀ ਸੰਮੇਲਨ" ਦੌਰਾਨ, ਉਨ੍ਹਾਂ ਨੇ 'ਆਪਰੇਸ਼ਨ ਸਿੰਦੂਰ' ਦੌਰਾਨ ਸ਼ਾਨਦਾਰ ਪ੍ਰਦਰਸ਼ਨ ਲਈ ਜਵਾਨਾਂ ਨੂੰ ਡੀ.ਜੀ ਦੇ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ ਕੀਤਾ।

---------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ 7 ਪਿਸਤੌਲ ਬਰਾਮਦ ਕੀਤੇ ਨੇ । ਪੁਲਿਸ ਸੂਤਰਾਂ ਨੇ ਦਸਿਆ ਏ ਕਿ ਖੁਫੀਆ ਜਾਣਕਾਰੀ ਤਹਿਤ ਕਾਰਵਾਈ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਇਹ ਮੁਲਜ਼ਮ ਪਾਕਿਸਤਾਨ-ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਨੇ ਅਤੇ ਭਾਰਤ-ਪਾਕਿਸਤਾਨ ਸਰਹੱਦ ਦੇ ਨੇੜੇ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਪ੍ਰਾਪਤ ਕਰਦੇ ਸਨ। ਸਰਹੱਦੀ ਪਿੰਡਾਂ ਤੋਂ ਕੰਮ ਕਰਦੇ ਹੋਏ, ਇਹ ਨੈੱਟਵਰਕ ਪੰਜਾਬ ਵਿੱਚ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰਦਾ ਏ । ਅੰਮ੍ਰਿਤਸਰ ਦੇ ਪੀ.ਐਸ ਛੇਹਰਟਾ ਵਿਖੇ ਅਸਲ ਐਕਟ ਤਹਿਤ ਇੱਕ ਮਾਮਲਾ ਦਰਜ ਕੀਤਾ ਗਿਆ ਏ। ਪੂਰੇ ਨੈੱਟਵਰਕ ਅਤੇ ਇਸਦੇ ਅਗਲੇ ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਏ।

-------------------------------------------------------

ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸਰਹਿੰਦ ਵਿਖੇ ਵੱਖ-ਵੱਖ ਗੈਸ ਏਜੰਸੀਆਂ ਤੇ ਗੋਦਾਮਾਂ 'ਤੇ ਕੀਤੀ ਅਚਨਚੇਤ ਛਾਪਾਮਾਰੀ ਦੌਰਾਨ ਤੋਲ ਕੰਡਿਆਂ ਵਿੱਚ ਊਣਤਾਈਆਂ ਪਾਏ

ਜਾਣ ਦਾ ਗੰਭੀਰ ਨੋਟਿਸ ਲਿਆ ਗਿਆ। ਉਨ੍ਹਾਂ ਕਿਹਾ ਕਿ ਇਹ ਗੈਸ ਖਪਤਕਾਰਾਂ ਦਾ ਵਿੱਤੀ ਸ਼ੋਸਣ ਏ  ਅਤੇ ਪੰਜਾਬ ਸਰਕਾਰ ਵੱਲੋਂ ਕਿਸੇ ਵੀ ਕਿਸਮ ਦੇ ਭ੍ਰਿਸ਼ਟਾਚਾਰ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਜਾਂਚ ਪੜਤਾਲ ਦੌਰਾਨ ਇਸ ਗੱਲ ਦਾ ਗੰਭੀਰ ਨੋਟਿਸ ਲਿਆ ਕਿ ਕੁਝ ਗੈਸ ਏਜੰਸੀਆਂ ਵੱਲੋਂ ਗੈਸ ਸਿਲੰਡਰਾਂ ਦੇ ਤੋਲ ਕੰਡੇ ਸਬੰਧੀ ਨਿਯਮਾਂ ਦੀ ਅਣਦੇਖੀ ਕੀਤੀ ਜਾ ਰਹੀ ਏ । ਉਨ੍ਹਾਂ ਹਦਾਇਤ ਕੀਤੀ ਕਿ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੀਆਂ ਗੈਸ ਏਜੰਸੀਆਂ ਖਿਲਾਫ਼ ਵਿਭਾਗੀ ਕਾਰਵਾਈ ਆਰੰਭੀ ਜਾਵੇ ਅਤੇ ਇਸ ਵਿੱਚ ਕਿਸੇ ਵੀ ਢਿੱਲਮਠ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

-------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਪਾਹ ਪੱਟੀ ਦੇ ਮੁੱਖ ਖੇਤੀਬਾੜੀ ਅਫਸਰਾਂ ਨੂੰ ਫਸਲ ਦੀ ਪ੍ਰਗਤੀ ਅਤੇ ਸਥਿਤੀ ਬਾਰੇ ਹਫ਼ਤੇ ਵਿੱਚ ਦੋ ਵਾਰ ਰਿਪੋਰਟਾਂ ਦੇਣ ਦੇ ਨਿਰਦੇਸ਼ ਦਿੱਤੇ ਨੇ । ਇਸ ਦੇ ਨਾਲ ਹੀ ਉਨ੍ਹਾਂ ਨੇ ਫੀਲਡ ਅਧਿਕਾਰੀਆਂ ਨੂੰ 10 ਅਗਸਤ ਤੱਕ ਝੋਨੇ ਦੀ ਸਿੱਧੀ ਬਿਜਾਈ  ਦੀ ਫੀਲਡ ਤਸਦੀਕ ਨੂੰ

ਮੁਕੰਮਲ ਕਰਨ ਦੇ ਹੁਕਮ ਦਿੱਤੇ ਨੇ ਤਾਂ ਜੋ ਪ੍ਰਤੀ ਏਕੜ 1,500 ਰੁਪਏ ਦੀ ਪ੍ਰੋਤਸਾਹਨ ਰਾਸ਼ੀ ਯੋਗ ਲਾਭਪਾਤਰੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀ ਟਰਾਂਸਫਰ ਕੀਤੀ ਜਾ ਸਕੇ। ਇਹ ਨਿਰਦੇਸ਼ ਅੱਜ ਸਾਰੇ ਮੁੱਖ ਖੇਤੀਬਾੜੀ ਅਫ਼ਸਰਾਂ ਅਤੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਕੀਤੀ ਉੱਚ-ਪੱਧਰੀ ਵੀਡੀਓ ਕਾਨਫਰੰਸ ਦੌਰਾਨ ਜਾਰੀ ਕੀਤੇ ਗਏ।

-------------------------------------------------